ਬਾਬਾ ਬੰਦਾ ਸਿੰਘ ਬਹਾਦਰ ਸਭ ਤੋਂ ਵੱਡੇ ਸਿੱਖ ਜਰਨੈਲ ਅਤੇ ਮਹਾਨ ਸ਼ਹੀਦ : ਪ੍ਰੋ. ਬਡੂੰਗਰ

ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਤੇ ਕੀਤੀ ਸ਼ਰਧਾਂਜਲੀ ਭੇਟ

ਫਤਿਹਗੜ੍ਹ ਸਾਹਿਬ, 24 ਜੂਨ (ਹਰਪ੍ਰੀਤ ਕੌਰ ਟਿਵਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਤੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਸਭ ਤੋਂ ਵੱਡੇ ਸਿੱਖ ਜਰਨੈਲ ਅਤੇ ਮਹਾਨ ਸ਼ਹੀਦ ਹੋਏ। ਉਹਨਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਥਾਪੜਾ ਲੈ ਕੇ 12 ਮਈ 1710 ਈਸਵੀ ਨੂੰ ਚਪੜਚਿੜੀ ਦੇ ਮੈਦਾਨ ਵਿੱਚ ਮੁਗਲ ਸਲਤਨਤ ਦਾ ਖਾਤਮਾ ਕੀਤਾ ਅਤੇ 14 ਮਈ 1710 ਨੂੰ ਸਰਹੰਦ 'ਤੇ ਫਤਿਹ ਕਰਕੇ ਪਹਿਲਾ ਖਾਲਸਾਈ ਰਾਜ ਸਥਾਪਿਤ ਕੀਤਾ ਤੇ ਜਮੀਨ ਵਹਾਕਾਂ ਨੂੰ ਉਹਨਾਂ ਦੀ ਮਲਕੀਤੀ ਦੇ ਹੱਕ ਦਿਵਾਏ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਂ 'ਤੇ ਸਿੱਕਾ ਚਲਾਇਆ ਮੋਹਰ ਬਣਾਈ । ਉਹਨਾਂ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਵਡੇਰੇ ਕਾਰਨਾਮਿਆਂ ਨਾਲ ਜਿੱਤਾਂ ਹਾਸਲ ਕੀਤੀਆਂ ਗਈਆਂ ਤੇ ਥੋੜੇ ਸਮੇਂ ਵਿੱਚ ਹੀ ਅੱਧੇ ਉੱਤਰੀ ਭਾਰਤ ਤੇ ਜਿੱਤ ਪ੍ਰਾਪਤ ਕੀਤੀ । ਪ੍ਰੋ. ਬਡੂੰਗਰ ਨੇ ਕਿਹਾ ਕਿ ਮੁਗਲ ਹਕੂਮਤ ਵੱਲੋਂ 24 ਜੂਨ 1716 ਨੂੰ ਬਾਬਾ ਬੰਦਾ ਸਿੰਘ ਬਹਾਦਰ, ਉਨਾਂ ਦੇ ਪਤਨੀ ਸੁਸ਼ੀਲ ਕੌਰ ਅਤੇ ਬੇਟੇ ਅਜੇ ਸਿੰਘ ਨੂੰ ਬੜੇ ਹੀ ਅਕਿਹ ਅਤੇ ਅਸਿਹ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਉਹਨਾਂ ਦੇ ਬਤੌਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨਗੀ ਕਾਰਜਕਾਲ ਦੌਰਾਨ ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ ਦਿਨ, ਸ਼ਹੀਦੀ ਦਿਹਾੜਾ ਅਤੇ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀ ਗਈ ਸਰਹੰਦ ਫਤਿਹ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਕਰਵਾਉਣੇ ਆਰੰਭ ਕਰਵਾਏ ਸਨ। ਉਹਨਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜੀ ਜੋ ਆਪਣੇ ਸੱਭਿਆਚਾਰ ਅਤੇ ਵਿਰਸੇ ਤੋਂ ਟੁੱਟਦੀ ਜਾ ਰਹੀ ਉਸ ਨੂੰ ਚਾਹੀਦਾ ਹੈ ਕਿ ਆਪਣਾ ਇਤਿਹਾਸ ਪੜ੍ਹ ਕੇ ਆਪਣੇ ਮਹਾਨ ਵਿਰਸੇ ਨਾਲ ਜੁੜਨ।

ਗੁਰਮਤਿ ਕੈਂਪਾਂ 'ਚ ਬੱਚਿਆਂ ਨੇ ਲਾਮਿਸਾਲ ਪਿਆਰ ਤੇ ਸਤਿਕਾਰ ਦਿੱਤਾ: ਜਸਪ੍ਰੀਤ ਸਿੰਘ ਕਰਮਸਰ

ਨਵੀਂ ਦਿੱਲੀ, 24 ਜੂਨ (ਅੰਮ੍ਰਿਤਪਾਲ ਸਿੰਘ) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਮੇਟੀ ਵੱਲੋਂ ਲਗਾਏ ਗੁਰਮਤਿ ਕੈਂਪਾਂ ਦੀ ਅਪਾਰ ਸਫਲਤਾ ਦੀ ਸਮੁੱਚੀ ਸੰਗਤ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਇਹਨਾਂ ਕੈਂਪਾਂ ਵਿਚ ਬੱਚਿਆਂ ਵੱਲੋਂ ਲਾਮਿਸਾਲ ਪਿਆਰ ਤੇ ਸਤਿਕਾਰ ਦਿੱਤਾ ਹੈ।

ਇਥੇ ਗੱਲਬਾਤ ਕਰਦਿਆਂ ਸਰਦਾਰ ਕਰਮਸਰ ਨੇ ਦੱਸਿਆ ਕਿ ਕੈਂਪਾਂ ਦੀ ਸਮਾਪਤੀ 'ਤੇ ਬੱਚਿਆਂ ਨੇ ਬਹੁਤ ਸੁੰਦਰ ਗ੍ਰੀਟਿੰਗ ਕਾਰਡ ਬਣਾ ਕੇ ਆਪਣਾ ਪਿਆਰ ਤੇ ਸਤਿਕਾਰ ਸਾਂਝਾ ਕੀਤਾ ਹੈ। ਉਹਨਾਂ ਦੱਸਿਆ ਕਿ ਇਹਨਾਂ ਕਾਰਡਾਂ 'ਤੇ 'ਗੁਰਬਾਣੀ ਪੜ੍ਹੀਏ, ਗੁਰਬਾਣੀ ਵਿਚਾਰੀਏ, ਆਓ ਅਸੀਂ ਆਪਣੀ ਸਿੱਖੀ ਨੂੰ ਸੰਵਾਰੀਏ', 'ਧੰਨਵਾਦ ਤੁਹਾਡਾ ਜਿਹੜਾ ਸਾਨੂੰ ਇਸ ਪਾਸੇ ਲਾਇਆ', 'ਮਾਂ ਬੋਲੀ ਪੰਜਾਬੀ ਸਾਡੀ, ਗੁੜ ਨਾਲੋਂ ਵੀ ਮਿੱਠੀ ਡਾਢੀ, ਇਸ ਵਿਚ ਮਾਂ ਨੇ ਲੋਰੀਆਂ ਗਾਈਆਂ, ਨਾਨੀ ਦਾਦੀ ਨੇ ਘੋੜੀਆਂ ਗਾਈਆਂ, ਅੰਮ੍ਰਿਤ ਵਰਗੀ ਸੁੱਚੀ ਹੈ, ਸਭਨਾਂ ਨਾਲੋਂ ਉੱਚੀ ਹੈ ਪੰਜਾਬੀ ਬਜ਼ੁਰਗਾਂ ਦੀ ਦੁਆ ਵਰਗੀ, ਪੰਜਾਬੀ ਨਿਰੀ ਖੁਦਾ ਵਰਗੀ' ਆਦਿ ਨਾਅਰੇ ਲਿਖ ਕੇ ਵੀ ਦਿੱਲੀ ਗੁਰਦੁਆਰਾ ਕਮੇਟੀ ਦਾ ਧੰਨਵਾਦ ਕੀਤਾ ਹੈ।

ਉਹਨਾਂ ਦੱਸਿਆ ਕਿ ਕੁਝ ਬੱਚਿਆਂ ਨੇ ਪਿਆਰ ਤੇ ਸਤਿਕਾਰ ਵਜੋਂ ਚਾਕਲੇਟ ਤੇ ਟਾਫੀਆਂ ਵੀ ਗਿਫਟ ਪੈਕ ਬਣਾ ਕੇ ਦਿੱਤੀਆਂ ਹਨ ਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਹੈ।

ਉਹਨਾਂ ਕਿਹਾ ਕਿ ਇਹ ਗੁਰਮਤਿ ਕੈਂਪ ਲਗਾਉਣਾ ਸਮੇਂ ਦੀ ਬਹੁਤ ਵੱਡੀ ਜ਼ਰੂਰਤ ਹੈ। ਉਹਨਾਂ ਕਿਹਾ ਕਿ ਦਿੱਲੀ ਵਿਚ ਗਲੀ-ਗਲੀ ਵਿਚ ਨਗਰ ਕੀਰਤਨ ਨਿਕਲਦੇ ਹਨ ਤੇ ਦੀਵਾਨ ਸਜਾਏ ਜਾਂਦੇ ਹਨ ਜਿਥੇ ਬੱਚੇ ਗੁਰਮਤਿ ਜੀਵਨ ਜਾਚ ਨਾਲ ਜੁੜਨਾ ਸਿੱਖਦੇ ਹਨ ਪਰ ਮੰਦੇਭਾਗਾਂ ਨੂੰ ਪੰਜਾਬ ਵਿਚ ਸਿੱਖੀ ਦਾ ਇਹ ਪ੍ਰਚਾਰ ਨਹੀਂ ਹੋ ਰਿਹਾ ਜਿਸ ਕਾਰਣ ਇਸਾਈ ਧਰਮ ਦਾ ਪ੍ਰਚਾਰ ਜ਼ਿਆਦਾ ਹੋ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਵਿਚ ਵੀ ਧਰਮ ਪ੍ਰਚਾਰ ਮੁਹਿੰਮ ਨੂੰ ਤੇਜ਼ ਕਰਨ ਦੀ ਜ਼ਰੂਰਤ ਹੈ।

ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦਾ ਧੰਨਵਾਦ ਕਰਦਿਆਂ ਸਰਦਾਰ ਕਰਮਸਰ ਨੇ ਦੱਸਿਆ ਕਿ ਉਹਨਾਂ ਨੇ ਧਰਮ ਪ੍ਰਚਾਰ ਕਮੇਟੀ ਨੂੰ ਖੁੱਲ੍ਹੀ ਛੋਟ ਦਿੱਤੀ ਹੋਈ ਹੈ, ਜਿਸ ਸਦਕਾ ਦਿੱਲੀ ਤੇ ਬਾਹਰਲੇ ਰਾਜਾਂ ਵਿਚ ਵੀ ਅਸੀਂ ਜੰਗੀ ਪੱਧਰ 'ਤੇ ਧਰਮ ਪ੍ਰਚਾਰ ਕਰਨ ਵਿਚ ਸਫਲ ਹੋ ਰਹੇ ਹਾਂ।

ਉਹਨਾਂ ਕਿਹਾ ਕਿ ਹੁਣ ਸਮਾਂ ਅਜਿਹਾ ਆ ਗਿਆ ਹੈ ਜਦੋਂ ਮਾਪਿਆਂ ਨੂੰ ਖੁਦ ਬੱਚਿਆਂ ਨੂੰ ਆਪਣੇ ਕੋਲ ਬਿਠਾ ਕੇ ਪੰਜਾਬੀ ਸਿਖਾਉਣੀ ਪਵੇਗੀ ਅਤੇ ਗੁਰਮਤਿ ਦਾ ਗਿਆਨ ਦੇਣਾ ਪਵੇਗਾ ਤੇ ਗੁਰਸਿੱਖੀ ਜੀਵਨ ਸਿਖਾਉਣਾ ਪਵੇਗਾ। ਉਹਨਾਂ ਕਿਹਾ ਕਿ ਅਸੀਂ ਦਿੱਲੀ ਕਮੇਟੀ ਵੱਲੋਂ ਪੁਰਜ਼ੋਰ ਯਤਨ ਕਰ ਕੇ ਬੱਚਿਆਂ ਨੂੰ ਗੁਰਮਤਿ ਜੀਵਨ ਨਾਲ ਜੋੜਨ ਦਾ ਯਤਨ ਕਰ ਰਹੇ ਹਾਂ ਅਤੇ ਭਵਿੱਖ ਵਿਚ ਵੀ ਕਰਦੇ ਰਹਾਂਗੇ। ਉਹਨਾਂ ਨੇ ਗੁਰਮਤਿ ਕੈਂਪਾਂ ਲਈ ਸਹਿਯੋਗ ਦੇਣ ਵਾਲੀ ਸਮੁੱਚੀ ਟੀਮ ਦਾ ਵੀ ਧੰਨਵਾਦ ਕੀਤਾ।

ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਗਿਆਨ ਅੰਜਨ ਸਮਰ ਕੈਂਪ

ਫ਼ਿਰੋਜ਼ਪੁਰ, 24 ਜੂਨ ਤਿਵਾੜੀ) ਪਿਛਲੇ ਪੰਜ ਦਹਾਕਿਆਂ ਤੋਂ ਸਮਾਜ ਸੇਵਾ ਨੂੰ ਸਮਰਪਿਤ ਜਥੇਬੰਦੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ ਦੇ ਖੇਤਰ ਸ਼ੇਰ ਖਾਂ ਵਲੋਂ ਗੁਰਦੁਆਰਾ ਬਸਤੀ ਕਰਤਾਰਪੁਰ ਦੇ ਸਹਿਯੋਗ ਨਾਲ ਸੱਤ - ਰੋਜ਼ਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕੈਂਪ ਕੋਆਰਡੀਨੇਟਰ ਮਾਸਟਰ ਰੇਸ਼ਮ ਸਿੰਘ ਸ਼ੇਰ ਖਾਂ ਨੇ ਦੱਸਿਆ ਕਿ ਨੌਜਵਾਨਾਂ ਨੂੰ ਆਪਣੇ ਅਮੀਰ ਵਿਰਸੇ ਪ੍ਰਤੀ ਜਾਣੂ ਕਰਵਾਉਣ, ਨਸ਼ਿਆਂ ਦੇ ਵਿਰੁੱਧ ਲਾਮਬੰਦ ਕਰਨ ਤੇ ਉਹਨਾਂ ਵਿੱਚ ਛੁਪੀਆਂ ਪ੍ਰਿਭਾਵਾਂ ਨੂੰ ਬਾਹਰ ਕੱਢਣ ਦੇ ਉਦੇਸ਼ ਨਾਲ ਲਗਾਏ ਗਏ ਇਸ ਸੱਤ ਰੋਜ਼ਾ ਕੈਂਪ ਵਿਚ ਬੱਚਿਆਂ ਨੇ ਵਧ ਚੜ੍ਹ ਕੇ ਭਾਗ ਲਿਆ।ਗੁਰਦੁਆਰਾ ਬਸਤੀ ਕਰਤਾਰਪੁਰ (ਨੇੜੇ ਕੁੱਲਗੜ੍ਹੀ) ਵਿਖੇ ਲਗਾਏ ਗਏ ਇਸ ਕੈਂਪ ਵਿਚ ਲਗਾਤਾਰ ਸੱਤ ਦਿਨ ਵੱਖ-ਵੱਖ ਬੁਲਾਰਿਆਂ ਨੇ ਆਪੋ- ਆਪਣੇ ਵਿਚਾਰ ਪੇਸ਼ ਕੀਤੇ। ਸਮਰ ਕੈਂਪ ਦੇ ਵੱਖ- ਵੱਖ ਸੈਸ਼ਨਾਂ ਦੌਰਾਨ ਬੱਚਿਆਂ ਵਿਚ ਨੈਤਿਕ ਗੁਣਾਂ ਦਾ ਸੰਚਾਰ ਕਰਨ, ਨਿਤਨੇਮ ਨਾਲ ਜੋੜਨ , ਅਮੀਰ ਵਿਰਸੇ ਤੇ ਸ਼ਾਨਾ-ਮੱਤੇ ਇਤਿਹਾਸ ਤੇ ਗੁਰਬਾਣੀ ਨਾਲ ਜੋੜਨ, ਸਮਾਜਿਕ ਕੁਰੀਤੀਆਂ ਵਿਰੁੱਧ ਲਾਮਬੰਦ ਕਰਨ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਕੈਂਪ ਵਿੱਚ ਜ਼ੋਨਲ ਸਕੱਤਰ ਸਰਦਾਰ ਗੁਰਭੇਜ ਸਿੰਘ ਕੋਹਾਲਾ ਵਲੋਂ 'ਗੁਰਬਾਣੀ ਇਸ ਜਗੁ ਮਹਿ ਚਾਨਣੁ 'ਵਿਸੇ ਤੇ ਆਪਣੇ ਵਿਚਾਰ ਸਾਂਝੇ ਕੀਤੇ। ਭਾਈ ਟਹਿਲ ਸਿੰਘ ਵੱਲੋਂ ਗੁਰ ਇਤਿਹਾਸ ਸਾਂਝਾ ਕੀਤਾ ਗਿਆ। ਪ੍ਰਸਿੱਧ ਲੇਖਕ ਡਾਕਟਰ ਅਮਰੀਕ ਸਿੰਘ ਸ਼ੇਰ ਖਾਂ ਵਲੋਂ 'ਸ਼ਖਸੀਅਤ ਉਸਾਰੀ ਕੈਂਪਾਂ ਦੀ ਸਮਾਜ ਨੂੰ ਦੇਣ' ਵਿਸ਼ੇ ਤੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਕੈਂਪ ਵਿੱਚ ਬੱਚਿਆਂ ਦੇ ਸੁੰਦਰ ਲਿਖਾਈ ਮੁਕਾਬਲੇ, ਪੋਟਿੰਗ ਮੁਕਾਬਲੇ, ਕਵਿਤਾ ਗਾਇਨ ਮੁਕਾਬਲੇ ਕਰਵਾਏ ਗਏ॥ਵੱਖ- ਵੱਖ ਮੁਕਾਬਲਿਆਂ ਵਿਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਪੁਸਤਕਾਂ ਤੇ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ ਗਿਆ।ਇਸ ਕੈਂਪ ਨੂੰ ਸਫ਼ਲ ਬਣਾਉਣ ਲਈ ਹਰਜਿੰਦਰ ਸਿੰਘ ਖਾਲਸਾ,ਬਲਵੀਰ ਸਿੰਘ, ਨਿਰੰਜਨ ਸਿੰਘ, ਬਾਪੂ ਹਰਦਿਆਲ ਸਿੰਘ, ਜਸਪਾਲ ਸਿੰਘ, ਅਮਰੀਕ ਸਿੰਘ, ਬਲਰਾਜ ਸਿੰਘ,ਸਾਹਬ ਸਿੰਘ, ਹਰਮਿੰਦਰ ਸਿੰਘ ਤੇ ਪੰਥਪ੍ਰੀਤ ਸਿੰਘ ਨੇ ਆਪਣਾ ਯੋਗਦਾਨ ਪਾਇਆ।

ਲੋਕ ਸਭਾ ਚੋਣ ਲੜ ਚੁੱਕੇ ਉਮੀਦਵਾਰਾਂ ਨੂੰ ਖਰਚਾ ਰਜਿਸਟਰ ਮੇਨਟੇਨ ਕਰਨ ਸਬੰਧੀ ਦਿੱਤੀ ਟ੍ਰੇਨਿੰਗ: ਵਧੀਕ ਡਿਪਟੀ ਕਮਿਸ਼ਨਰ

30 ਜੂਨ ਨੂੰ ਮੁੜ ਕੀਤਾ ਜਾਵੇਗਾ ਖਰਚਾ ਰਜਿਸਟਰਾਂ ਦਾ ਮਿਲਾਣ

ਅੰਮ੍ਰਿਤਸਰ, 24 ਜੂਨ (ਚ.ਨ.ਸ.) :ਲੋਕਸਭਾ ਚੋਣਾਂ 2024 ਦੌਰਾਨ ਚੋਣ ਲੜ ਚੁੱਕੇ ਉਮੀਦਵਾਰਾਂ ਨੂੰ ਮੁੱਖ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੋਣ ਨਤੀਜਾ ਆਉਣ ਦੇ 30 ਦਿਨਾਂ ਦੇ ਅੰਦਰ ਅੰਦਰ ਹਰ ਉਮੀਦਵਾਰ ਵੱਲੋਂ ਆਪਣਾ ਚੋਣ ਖਰਚਾ ਰਜਿਸਟਰ ਚੋਣ ਦਫ਼ਤਰ ਵਿੱਚ ਜਮ੍ਹਾਂ ਕਰਵਾਉਣ ਲਾਜ਼ਮੀ ਹੈ ਅਤੇ ਅਜਿਹਾ ਨਾ ਕਰਨ ਵਾਲੇ ਉਮੀਦਵਾਰ ਉਪਰ ਤਿੰਨ ਸਾਲ ਲਈ ਚੋਣ ਲੜਨ ਤੇ ਚੋਣ ਕਮਿਸ਼ਨ ਰੋਕ ਲਗਾ ਸਕਦਾ ਹੈ।

ਇਸ ਸਬੰਧੀ ਅੱਜ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀਮਤੀ ਜੋਤੀ ਬਾਲਾ ਨੇ ਚੋਣ ਲੜ ਚੁੱਕੇ ਉਮੀਦਵਾਰ ਅਤੇ ਉਨਾਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕਰਦੇ ਹੋਏ ਕਿਹਾ ਕਿ 30 ਜੂਨ ਨੂੰ ਤੁਹਾਡੇ ਵੱਲੋਂ ਖਰਚ ਕੀਤੀ ਗਈ ਰਾਸ਼ੀ ਦਾ ਮੁੜ ਮਿਲਾਨ ਕੀਤਾ ਜਾਣਾ ਹੈ। ਉਨਾਂ ਕਿਹਾ ਕਿ ਇਸ ਸਬੰਧੀ ਤੁਹਾਨੂੰ ਅੱਜ ਜੋ ਟ੍ਰੇਨਿੰਗ ਦਿੱਤੀ ਗਈ ਹੈ ਉਸ ਅਨੁਸਾਰ ਆਪਣਾ ਖਰਚਾ ਰਜਿਸਟਰ ਮੇਨਟੇਨ ਕਰਕੇ ਇਸ ਦਫ਼ਤਰ ਨੂੰ ਜਮ੍ਹਾਂ ਕਰਵਾਓ। ਉਨਾਂ ਕਿਹਾ ਕਿ ਜੇਕਰ ਕਿਸੇ ਉਮੀਦਵਾਰ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਚੋਣ ਤਹਿਸੀਲਦਾਰ ਨਾਲ ਸੰਪਰਕ ਕਰ ਸਕਦਾ ਹੈ।

ਇਸ ਮੀਟਿੰਗ ਵਿੱਚ ਡਿਪਟੀ ਕੰਟਰੋਲਰ ਵਿੱਤ ਲੇਖਾ ਸ੍ਰੀ ਮਨੂੰ ਸ਼ਰਮਾ, ਚੋਣ ਤਹਿਸੀਲਦਾਰ ਸ: ਇੰਦਰਜੀਤ ਸਿੰਘ, ਚੋਣ ਕਾਨੂੰਗੋ ਸ੍ਰੀ ਰਜਿੰਦਰ ਸਿੰਘ ਤੋਂ ਇਲਾਵਾ ਚੋਣ ਲੜ ਚੁੱਕੇ ਉਮੀਦਵਾਰ ਅਤੇ ਉਨਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਸ਼੍ਰੋਮਣੀ ਕਮੇਟੀ ਵੱਲੋਂ ਗੁਰੂਘਰ ਵਿੱਚ ਮੋਬਾਇਲ ਦੀ ਵਰਤੋਂ ਕਰਨ ਵਾਲਿਆਂ 'ਤੇ ਰੱਖੀ ਜਾਵੇ ਤਿੱਖੀ ਨਜ਼ਰ : ਕਿਸ਼ਨਪੁਰਾ

ਫਤਿਹਗੜ੍ਹ ਸਾਹਿਬ, 24 ਜੂਨ (ਨਰਿੰਦਰ ਸਿੰਘ) : ਸਿੱਖ ਕੌਮ ਦੇ ਪਾਵਨ ਕੇਂਦਰੀ ਅਸਥਾਨ ਤੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੁਝ ਲੋਕਾਂ ਵੱਲੋਂ ਸਾਜਿਸ਼ ਤਹਿਤ ਅਜਿਹੀਆਂ ਕਾਰਵਾਈਆਂ ਕੀਤੀਆਂ ਜਾਂਦੀਆਂ ਹਨ, ਜਿਨਾਂ ਨਾਲ ਕਰੋੜਾਂ ਸ਼ਰਧਾਲੂਆਂ ਦੇ ਮਨਾਂ ਨੂੰ ਗਹਿਰੀ ਠੇਸ ਪਹੁੰਚਦੀ ਹੈ, ਇਸ ਲਈ ਇਹ ਜ਼ਰੂਰੀ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੋਬਾਈਲ ਜਾਣ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਜਾਣੀ ਚਾਹੀਦੀ ਹੈ ਜਾ ਮੋਬਾਇਲ ਵਰਤਨ ਵਾਲਿਆਂ ਤੇ ਤਿੱਖੀ ਨਜ਼ਰ ਰੱਖਣੀ ਚਾਹੀਦੀ ਹੈ, ਤਾਂ ਜੋ ਅਜਿਹੀ ਕੋਈ ਹਰਕਤ ਨਾ ਕਰ ਸਕਣ ਜਿਸ ਨਾਲ ਸਿੱਖਾਂ ਦੇ ਮਨਾ ਨੂੰ ਕੋਈ ਠੇਸ ਪਹੁੰਚ ਸਕੇ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਿੱਖ ਵਿਦਵਾਨ ਅਤੇ ਚਿੰਤਕ ਸੁਰਿੰਦਰ ਸਿੰਘ ਕਿਸ਼ਨਪੁਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਉਨਾਂ ਕਿਹਾ ਕਿ ਬਹੁਤ ਸਾਰੇ ਅਜਿਹੇ ਧਾਰਮਿਕ ਅਸਥਾਨ ਹਨ, ਜਿੱਥੇ ਮੋਬਾਇਲ ਲਿਜਾਣ 'ਤੇ ਪਾਬੰਦੀ ਲੱਗੀ ਗਈ ਹੈ, ਜਿਸ ਕਰ ਕੇ ਉੱਥੇ ਕਿਸੇ ਤਰ੍ਹਾਂ ਦਾ ਤੂੰ ਵਾਦ-ਵਿਵਾਦ ਨਹੀਂ ਹੁੰਦਾ ਪਰ ਅਫਸੋਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਆਦਾ ਖੁੱਲ੍ਹ ਦਿੱਤੇ ਜਾਣ ਕਾਰਨ ਸਿੱਖਾਂ ਦਾ ਕੇਂਦਰੀ ਅਸਥਾਨ ਅਕਸਰ ਹੀ ਵਿਵਾਦਾਂ ਵਿੱਚ ਘਿਰਿਆ ਰਹਿੰਦਾ ਹੈ, ਜੋ ਕਿ ਬਰਦਾਸ਼ਤਯੋਗ ਨਹੀਂ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਚਾਹੀਦਾ ਹੈ ਕਿ ਗੁਰੂ ਘਰਾਂ ਵਿੱਚ ਮੋਬਾਈਲ ਅੰਦਰ ਲੈ ਜਾਣ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਜਾਵੇ, ਤਾਂ ਜੋ ਸਿੱਖੀ ਸਿਧਾਂਤਾਂ ਤੋਂ ਉਲਟ ਕੋਈ ਵੀ ਗੱਲ ਮੋਬਾਈਲ ਵਿਚ ਕੈਦ ਕਰ ਕੇ ਵਾਇਰਲ ਨਾ ਕੀਤੀ ਜਾ ਸਕੇ ਤੇ ਸ਼ਰਧਾਲੂਆਂ ਦੀ ਆਸਥਾ ਸ੍ਰੀ ਦਰਬਾਰ ਸਾਹਿਬ 'ਤੇ ਹਮੇਸ਼ਾ ਹਮੇਸ਼ਾ ਬਣੀ ਰਹੇ। ਉਨ੍ਹਾਂ ਕਿਹਾ ਕਿ ਸਿੱਖ ਵਿਰੋਧੀ ਤਾਕਤਾਂ ਹਮੇਸ਼ਾ ਹੀ ਇਸ ਤਾਕ ਵਿਚ ਰਹਿੰਦੀਆਂ ਹਨ ਕਿ ਕਿਸੇ ਨਾ ਕਿਸੇ ਬਹਾਨੇ ਸ਼ਰਧਾਲੂਆਂ ਨੂੰ ਸ੍ਰੀ ਦਰਬਾਰ ਸਾਹਿਬ ਨਾਲੋਂ ਤੋੜਿਆ ਜਾਵੇ।

ਘੁਮਾਣ ਪੁਲਿਸ ਵੱਲੋਂ 255 ਗ੍ਰਾਮ ਹੈਰੋਇਨ ਸਮੇਤ ਫੌਜੀ ਨੌਜਵਾਨ ਕਾਰ ਸਮੇਤ ਕਾਬੂ

ਸ੍ਰੀ ਹਰਗੋਬਿੰਦਪੁਰ /ਘੁਮਾਣ, 24 ਜੂਨ (ਡਾ ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ): ਥਾਣਾ ਘੁਮਾਣ ਦੀ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਪ੍